# ਲਾਵਾਂ

## ਸੂਹੀ ਮਹਲਾ ੪ ॥

ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ ॥ ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ ॥ ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ ॥ ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ ॥ ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥ ੧ ॥ ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ ॥ ਨਿਰਭਉ ਭੈ ਮਨੁ ਹੋਇ ਹਉਮੈ ਮੈਲੁ

ਗਵਾਇਆ ਬਲਿ ਰਾਮ ਜੀਉ ॥ ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ ॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿਜਨ ਮੰਗਲ ਗਾਏ ॥ ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ ॥ ੨ ॥ ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥ ੩ ॥ ਹਰਿ ਚਉਥੜੀ ਲਾਵ ਮਨਿ ਸਹਜੁ

ਭਇਆ ਹਰਿ ਪਾਇਆ ਬਲਿ ਰਾਮ ਜੀਉ ॥ ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ ॥ ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨਦਿਨੁ ਹਰਿ ਲਿਵ ਲਾਈ ॥ ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ ॥ ੪ ॥ ੨ ॥ (੭੭੩-੭੪)